## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਤਕਨੀਕੀ ਖੇਤੀ ਕਰਨ ਤੇ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਕਰਵਾਇਆ ਜਾਵੇਗਾ ਜਾਣੂੰ -ਡੀ.ਸੀ.

ਪੀ.ਏ.ਯੂ. ਵੱਲੋਂ ਮਨਾਇਆ ਜਾ ਰਿਹਾ ਹੈ ਰਿਜ਼ਨਲ ਕਿਸਾਨ ਦਿਵਸ

ਕਿਸਾਨ ਦਿਵਸ 12 ਸਤੰਬਰ 2017 ਨੂੰ

ਫਾਜ਼ਿਲਕਾ 08 ਸਤੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ 12 ਸਤੰਬਰ 2017 ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪੀ.ਏ.ਯੂ. ਖੇਤਰੀ ਖੋਜ ਕੇਂਦਰ ਵਿਖੇ ਰਿਜ਼ਨਲ ਕਿਸਾਨ ਦਿਵਸ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੌਕੇ ਯੂਨੀਵਰਸਿਟੀ ਤੋਂ ਸਾਇੰਸਦਾਨ ਤੇ ਖੇਤੀ ਦੇ ਮਾਹਰ ਪ੍ਰੋਫੈਸਰ ਵੱਲੋਂ ਕਿਸਾਨਾਂ ਨੂੰ ਖੇਤੀ ਕਰਨ ਦੀ ਨਵੀਂ ਤਕਨੀਕਾਂ ਬਾਰੇ ਜਾਣੂੰ ਕਰਵਾਉਣਗੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਕਿਸਾਨਾਂ ਨੂੰ ਤਕਨੀਕੀ ਖੇਤੀ ਦੇ ਨਾਲ-ਨਾਲ ਫਸਲਾਂ ਸਬੰਧੀ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਦੇ ਹੱਲ ਬਾਰੇ ਦੱਸਿਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਿਰਦੇਸ਼ਕ ਪੀ.ਏ.ਯੂ. ਖੇਤਰੀ ਖੋਜ ਕੇਂਦਰ ਫਰੀਦਕੋਟ ਡਾ. ਪੰਕਜ ਗਠੌਰ ਦੀ ਅਗਵਾਈ ਹੇਠ ਲੱਗ ਰਹੇ ਇਸ ਕਿਸਾਨ ਦਿਵਸ ਵਿਖੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਸਬੰਧੀ ਬੀਜ ਅਤੇ ਸਬਜ਼ੀਆਂ ਦੀਆਂ ਕਿੱਟਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਕਿਸਾਨ ਦਿਵਸ ਮੌਕੇ ਉਨ੍ਹਾਂ ਨੂੰ ਖੇਤੀ ਕਰਨ ਵਿੱਚ ਪੇਸ਼ ਆਉਂਦੀਆਂ ਮੁਸ਼ਕਲਾਂ ਦੇ ਹੱਲ ਬਾਰੇ ਵੀ ਜਾਣੂੰ ਕਰਵਾਇਆ ਜਾਵੇਗਾ। ਉਨ੍ਹਾਂ ਹੋਰ ਦੱਸਿਆ ਕਿ ਇਸ ਦੌਰਾਨ ਕਿਸਾਨਾਂ ਨੂੰ ਖੇਤੀ ਸਬੰਧੀ ਪੁਸਤਕਾਂ ਦੇਣ ਦੇ ਨਾਲ-ਨਾਲ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਇਸ ਮੌਕੇ ਸੱਭਿਆਚਾਰਕ ਪ੍ਰੋਗਰਾਮਾਂ ਦਾ ਵੀ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਇਸ ਦਿਵਸ ਸਬੰਧੀ ਵਧੇਰੇ ਜਾਣਕਾਰੀ ਲਈ ਪੀ.ਏ.ਯੂ. ਖੇਤਰੀ ਖੋਜ ਕੇਂਦਰ ਦਫਤਰ ਦੇ ਨੰਬਰ 01639-251244 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪੀ.ਏ.ਯੂ. ਖੇਤਰੀ ਖੋਜ ਕੇਂਦਰ ਫਰੀਦਕੋਟ ਵਿਖੇ ਲਗਾਏ ਜਾ ਰਹੇ ਕਿਸਾਨ ਦਿਵਸ ਮੌਕੇ ਵੱਧ ਤੋਂ ਵੱਧ ਕਿਸਾਨਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਹੈ।